# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 11-03-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਬਠਿੰਡਾ ਵਿੱਚ ਕੇਂਦਰੀ ਯੂਨੀਵਰਸਿਟੀ ਦੇ 10ਵੀਂ ਕਨਵੋਕੇਸ਼ਨ ਨੂੰ ਸੰਬੋਧਨ ਕਰਦਿਆਂ ਕਿਹਾ ਏ ਕਿ ਪੰਜਾਬ ਕੇਂਦਰੀ ਯੂਨੀਵਰਸਿਟੀ ਨਾ ਸਿਰਫ਼ ਭਾਰਤ ਸਗੋਂ ਵਿਦੇਸ਼ਾਂ ਤੋਂ ਵੀ ਵੱਖ-ਵੱਖ ਸੱਭਿਆਚਾਰਾਂ ਦਾ ਸੰਗਮ ਏ । ਭਾਰਤ ਦੀ ਵਿਭਿੰਨਤਾ ਇੱਥੇ ਵਿਦਿਆਰਥੀਆਂ ਤੇ ਅਧਿਆਪਕਾਂ ਵਿੱਚ ਝਲਕਦੀ ਏ । ਅਜਿਹੇ ਸੰਸਥਾਨ ਸਾਡੇ ਦੇਸ਼ ਦੇ ਜੀਵੰਤ ਤੇ ਅਮੀਰ ਸੱਭਿਆਚਾਰ ਦੇ ਪ੍ਰਤੀਨਿਧੀ ਸੰਸਥਾਨ ਨੇ । ਇਸ ਮੌਕੇ ਉਹਨਾਂ 1031 ਪੋਸਟ ਗ੍ਰੇਜੁਏਟ ਤੇ 60 phd ਡਿਗਰੀਆਂ ਪਰਦਾਨ ਕੀਤੀਆਂ ਜਦਕਿ ਹੋਣਹਾਰ ਵਿਦਵਾਨਾਂ ਨੂੰ ਅਕਾਦਮਿਕ ਉੱਤਤਮਤਾਂ ਲਈ ਸੋਨ ਤਗਮੇ ਦਿੱਤੇ ਗਏ। ਇਸ ਮੌਕੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੀ ਮੌਜੂਦ ਸਨ । ਉਨ੍ਹਾਂ ਉਮੀਦ ਪ੍ਰਗਟਾਈ ਕਿ ਯੂਨੀਵਰਸਿਟੀ ਭਾਰਤ ਦੀ ਵਿਭਿੰਨਤਾ, ਏਕਤਾ ਤੇ ਉੱਤਮਤਾ ਦੀਆਂ ਪ੍ਰਭਾਵਸ਼ਾਲੀ ਉਦਾਹਰਣਾਂ ਪੇਸ਼ ਕਰਦੀ ਰਹੇਗੀ। ਤਲਵੰਡੀ ਸਾਬੋ ਵਿਖੇ ਸਥਾਪਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਦਾ ਹਵਾਲਾ ਦਿੰਦੇ ਹੋਏ ਰਾਸ਼ਟਰਪਤੀ ਨੇ ਕਿਹਾ ਕਿ ਦੁਨੀਆ ਦੇ ਇਕ

ਬਹੁਤਹੀ ਪਵਿੱਤਰ ਤੀਰਥ ਸਥਾਨ ਦੀ ਅਧਿਆਤਮਿਕ ਊਰਜਾ ਇੱਥੇ ਮੌਜੂਦ ਏ । ਉਨ੍ਹਾਂ ਕਿਹਾ ਕਿ ਇਸ ਖੇਤਰ ਨੂੰ ਗੁਰੂ ਗੋਬਿੰਦ ਸਿੰਘ ਜੀ ਨੇ 'ਗੁਰੂ ਕੀ ਕਾਸ਼ੀ' ਦਾ ਪਵਿੱਤਰ ਨਾਮ ਦਿੱਤਾ ਸੀ। ਇਸ ਦੇ ਨਾਲ ਹੀ ਇਹ ਧਰਤੀ ਬਹਾਦਰੀ ਤੇ ਅਧਿਆਤਮਿਕ ਸਥਿਰਤਾ ਦਾ ਸੰਗਮ ਵੀ ਏ । ਪਵਿੱਤਰ ਧਰਤੀ ਨੂੰ ਮੱਥਾ ਟੇਕਦਿਆਂ, ਉਹਨਾਂ ਕਿਹਾ ਕਿ ਇਹ ਇੱਥੇ ਪੜ੍ਹ ਰਹੇ ਸਾਰੇ ਵਿਦਿਆਰਥੀਆਂ ਲਈ ਮਾਣ ਵਾਲੀ ਗੱਲ ਏ । ਰਾਸ਼ਟਰਪਤੀ ਨੇ ਕਿਹਾ ਕਿ ਔਰਤਾਂ ਦੇ ਵਿਕਾਸ ਦਾ ਅਰਥ ਸਮਾਜ ਦਾ ਵਿਕਾਸ ਏ । ਪੜ੍ਹੀਆਂ-ਲਿਖੀਆਂ ਔਰਤਾਂ ਹੀ ਮਜ਼ਬੂਤ ਸਮਾਜ ਦੀ ਸਿਰਜਣਾ ਕਰਦੀਆਂ ਨੇ । ਇਹ ਦੇਖ ਕੇ ਖੁਸ਼ੀ ਹੋਈ ਕਿ ਕਨਵੋਕੇਸ਼ਨ ਵਿਚ ਕੁੱਲ ਤਗਮਾ ਜੇਤੂਆਂ ਵਿਚੋਂ 65 ਫੀਸਦੀ ਔਰਤਾਂ ਨੇ । ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਵਿਸ਼ਵਾਸ ਏ ਕਿ ਇਹ ਧੀਆਂ ਵਿਕਸਤ ਭਾਰਤ ਬਣਾਉਣ ਦੇ ਸਾਡੇ ਸੁਪਨਿਆਂ ਨੂੰ ਇਕ ਸੁੰਦਰ ਰੂਪ ਦੇਣਗੀਆਂ। ਰਾਸ਼ਟਰਪਤੀ ਏਮਜ਼ ਵਿਖੇ ਵੀ ਕਨਵੋਕੇਸ਼ਨ ਨੂੰ ਸੰਬੋਧਨ ਕਰਨਗੇ।

---

ਸੂਬੇ ਦੇ ਸਰਕਾਰੀ ਸਕੂਲਾਂ ਦੀ ਕੁਸ਼ਲਤਾ ਵਿਚ ਹੋਰ ਵਾਧਾ ਕਰਨ ਤੇ ਵਿਸ਼ਵ-ਪੱਧਰੀ ਮਿਆਰੀ ਸਿੱਖਿਆ ਨੂੰ ਯਕੀਨੀ ਬਣਾਉਣ ਲਈ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਾਰੇ ਜ਼ਿਲ੍ਹਾ ਸਿੱਖਿਆ

ਅਧਿਕਾਰੀਆਂ ਨੂੰ ਰੋਜ਼ਾਨਾ ਸਵੇਰੇ 9 ਤੋਂ 11 ਵਜੇ ਤੱਕ ਫੀਲਡ ਵਿਚ ਰਹਿਣ ਦੇ ਹੁਕਮ ਦਿੱਤੇ ਨੇ । ਸਿੱਖਿਆ ਮੰਤਰੀ ਨੇ ਜ਼ਿਲਾ ਸਿੱਖਿਆ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਬੁਨਿਆਦੀ ਢਾਂਚੇ ਦੇ ਨਿਰਮਾਣ, ਦਾਖਲਿਆਂ ਵਿਚ ਵਾਧਾ ਕਰਨ ਤੇ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਵਿਦਿਆਰਥੀ ਕੋਚਿੰਗ ਪ੍ਰੋਗਰਾਮਾਂ ਨੂੰ ਮਜ਼ਬੂਤ ਕਰਨ ਵੱਲ ਧਿਆਨ ਕੇਂਦਰਿਤ ਕਰਨ । ਉਹਨਾਂ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਬਾਰੇ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਤੇ ਮਿੱਥੇ ਟੀਚਿਆਂ ਨੂੰ ਪ੍ਰਾਪਤ ਕਰਨ ਸਬੰਧੀ ਕੀਤੀ ਗਈ ਪ੍ਰਗਤੀ ਦਾ ਮੁਲਾਂਕਣ ਕਰਦਿਆਂ ਕਿਹਾ ਕਿ ਸਿੱਖਿਆ ਪੰਜਾਬ ਦੇ ਭਵਿੱਖ ਦੀ ਨੀਂਹ ਏ ਤੇ ਸਰਕਾਰ ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਬਦਲਾਅ ਲਿਆਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ, ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਰਾਜ ਭਰ ਵਿਚ ਲਗਭਗ 2.25 ਲੱਖ ਬੱਚਿਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਏ । ਉਹਨਾਂ ਦੱਸਿਆ ਕਿ ਪੰਜਾਬ ਦੇ 2.25 ਲੱਖ ਬੇਸਹਾਰਾ ਬੱਚਿਆਂ ਲਈ ਕੁੱਲ 367.59 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਮੌਜੂਦਾ ਵਿੱਤੀ ਸਾਲ ਦੌਰਾਨ ਬੇਸਹਾਰਾ ਬੱਚਿਆਂ

ਦੀ ਭਲਾਈ ਲਈ 377.00 ਕਰੋੜ ਦਾ ਬਜਟ ਅਲਾਟ ਕੀਤਾ ਸੀ, ਜਿਸ ਵਿਚੋਂ 367.59 ਕਰੋੜ ਪਹਿਲਾਂ ਹੀ ਉਨ੍ਹਾਂ ਦੇ ਲਾਭ ਲਈ ਵਰਤੇ ਜਾ ਚੁੱਕੇ ਨੇ। ਡਾ. ਬਲਜੀਤ ਕੌਰ ਨੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਪੰਜਾਬ ਨੂੰ ਇਕ ਖੁਸ਼ਹਾਲ ਸੂਬੇ ਵਿਚ ਬਦਲਣ ਲਈ ਲਗਾਤਾਰ ਯਤਨਸ਼ੀਲ ਏ। ਬੇਸਹਾਰਾ ਬੱਚਿਆਂ ਦੇ ਸਰਵਪੱਖੀ ਵਿਕਾਸ ਤੇ ਭਲਾਈ ਲਈ ਪ੍ਰਦਾਨ ਕੀਤੀ ਗਈ ਵਿੱਤੀ ਸਹਾਇਤਾ ਇਸ ਦਿਸ਼ਾ ਵਿਚ ਇਕ ਮਹੱਤਵਪੂਰਨ ਕਦਮ ਏ। ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਨੂੰ ਇਨ੍ਹਾਂ ਸਕੀਮਾਂ ਬਾਰੇ ਜਾਗਰੂਕਤਾ ਫੈਲਾਉਣ ਦੀ ਵੀ ਅਪੀਲ ਕੀਤੀ ਤਾਂ ਜੋ ਵੱਧ ਤੋਂ ਵੱਧ ਬੱਚੇ ਸਰਕਾਰੀ ਪਹਿਲਕਦਮੀਆਂ ਦਾ ਲਾਭ ਲੈ ਸਕਣ।

---

ਪੰਜਾਬ ਵਿਜੀਲੈਂਸ ਬਿਊਰੋ ਨੇ ਕਪੂਰਥਲਾ ਦੇ ਥਾਣਾ ਸਿਟੀ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ ਕੁਲਵਿੰਦਰ ਸਿੰਘ ਨੂੰ 3,500 ਰੁਪਏ ਦੀ ਰਿਸ਼ਵਤ ਲੈਣ ਤੇ 10,000 ਰੁਪਏ ਦੀ ਵਾਧੂ ਮੰਗ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ। ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਅਧਿਕਾਰੀ ਨੂੰ ਕਪੂਰਥਲਾ ਦੇ ਇਕ ਨਿਵਾਸੀ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਸ਼ਿਕਾਇਤ ਤੋਂ ਬਾਅਦ ਗ੍ਰਿਫ਼ਤਾਰ ਕੀਤਾ

ਗਿਆ ਏ। ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਸੂਚਿਤ ਕੀਤਾ ਸੀ ਕਿ ਉਸ ਨੇ ਉਕਤ ਪੁਲਿਸ ਸਟੇਸ਼ਨ ਵਿਚ ਇੱਕ ਪੁਲਿਸ ਕੇਸ ਦਰਜ ਕਰਵਾਇਆ। ਮਾਮਲੇ ਦੇ ਜਾਂਚ ਅਧਿਕਾਰੀ ਏਐਸਆਈ ਕੁਲਵਿੰਦਰ ਸਿੰਘ ਨੇ ਅਦਾਲਤ ਵਿਚ ਚਾਰਜਸ਼ੀਟ ਪੇਸ਼ ਕਰਨ ਦੇ ਬਦਲੇ ਰਿਸ਼ਵਤ ਦੀ ਮੰਗ ਕੀਤੀ ਸੀ। ਮੁਲਜਮ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਪੁਲਿਸ ਸਟੇਸ਼ਨ ਜਲੰਧਰ ਰੇਂਜ ਵਿਖੇ ਮਾਮਲਾ ਦਰਜ ਕੀਤਾ ਗਿਆ।

---------------------------------------------------------------------------------

ਜ਼ਿਲਾ ਫਤੇਹਗੜ੍ਹ ਸਾਹਿਬ ਦੀ ਮੰਡੀ ਗੋਬਿੰਦਗੜ੍ਹ ਵਿਚ ਛੇ ਲੁਟੇਰਿਆਂ ਵਲੋਂ ਲਗਭਗ 15 ਲੱਖ ਰੁਪਏ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਏ। ਲੁਟੇਰਿਆਂ ਨੇ ਜਦੋਂ ਦਫਤਰ ਦਾ ਦਰਵਾਜ਼ਾ ਖੜਕਾਇਆ ਤਾਂ ਅੰਦਰ ਬੈਠੇ ਵਿਅਕਤੀ ਵਲੋਂ ਦਰਵਾਜ਼ਾ ਨਾ ਖੋਲਣ ਤੇ ਲੁਟੇਰਿਆਂ ਨੇ ਗੋਲੀ ਮਾਰ ਕੇ ਦਫਤਰ ਦੇ ਸ਼ੀਸ਼ੇ ਤੋੜ ਦਿੱਤੇ ਤੇ ਪੈਸਿਆਂ ਨਾਲ ਭਰਿਆ ਬੈਗ ਲੈ ਕੇ ਫਰਾਰ ਹੋ ਗਏ। ਲੁਟੇਰੇ ਜਾਂਦੇ ਜਾਂਦੇ ਫਾਰਮ ਮਾਲਕ ਦੇ ਦੋਨੋਂ ਫੋਨ ਵੀ ਤੋੜ ਗਏ। ਲੁਟੇਰੇ ਜਿਸ ਗੱਡੀ ਵਿੱਚ ਵਾਰਦਾਤ ਨੂੰ ਅੰਜਾਮ ਦੇਣ ਆਏ ਸਨ ਉਸ ਦਾ ਨੰਬਰ ਹਰਿਆਣੇ ਦਾ ਦੱਸਿਆ ਜਾ ਰਿਹਾ ਏ। ਇਸ ਸਬੰਧ ਵਿਚ ਅਮਲੋਹ ਦੇ ਡੀਐਸਪੀ ਗੁਰਦੀਪ ਸਿੰਘ ਨੇ ਕਿਹਾ ਕਿ ਇਸ ਮਾਮਲੇ

ਦੀ ਪੁਲਿਸ ਵੱਲੋਂ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਏ ਅਤੇ ਲੁਟੇਰਿਆਂ ਨੂੰ ਜਲਦ ਹੀ ਕਾਬੂ ਕਰ ਲਿਆ ਜਾਵੇਗਾ।